ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਜ਼ਿਲ੍ਹਾ ਤੇ ਸੈਸ਼ਨ ਜੱਜ ਵਲੋਂ ਕੇਂਦਰੀ, ਬੋਰਸਟਲ ਤੇ ਜ਼ਨਾਨਾ ਜੇਲ੍ਹ ਦੀ ਅਚਨਚੇਤ ਚੈਕਿੰਗ

ਲੁਧਿਆਣਾ, 27 ਨਵੰਬਰ (ਪਰਮਿੰਦਰ ਸਿੰਘ ਆਹੂਜਾ)-ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਹਰਪ੍ਰੀਤ ਕੌਰ ਰੰਧਾਵਾ ਵਲੋਂ ਕੇਂਦਰੀ, ਬੋਰਸਟਲ ਅਤੇ ਜਨਾਨਾ ਜੇਲ੍ਹਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੁਮਿਤ ਸਭਰਵਾਲ, ਮਾਨਯੋਗ ਜੱਜ ਡੇਜ਼ੀ ਬਾਂਗੜ, ਚੀਫ਼ ਲੀਗਲ ਏਡ ਡਿਫੈਂਸ ਕੌਂਸਲ ਵਰਿੰਦਰਜੀਤ ਸਿੰਘ ਰੰਧਾਵਾ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ ਅਭਿਨਾਸ਼ ਪ੍ਰਤਾਪ ਸਿੱਧੂ, ਸੁਪਰਡੰਟ ਕੇਂਦਰੀ ਜੇਲ੍ਹ, ਜਨਾਨਾ ਜੇਲ੍ਹ, ਬੋਰਸਟਲ ਜੇਲ੍ਹ ਵੀ ਮੌਜੂਦ ਸਨ। ਜ਼ਿਲ੍ਹਾ ਤੇ ਸੈਸ਼ਨ ਜੱਜ ਵਲੋਂ ਕੇਂਦਰੀ ਜੇਲ੍ਹ ਦੀਆਂ ਬੈਰਕਾਂ ਦੀ ਚੈਕਿੰਗ ਕੀਤੀ ਗਈ ਅਤੇ ਉਥੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਅਤੇ ਮੌਕੇ 'ਤੇ ਹੀ ਜੇਲ੍ਹ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਤੁਰੰਤ ਕਰਨ ਦੇ ਹੁਕਮ ਜਾਰੀ ਕੀਤੇ ਗਏ। ਚੈਕਿੰਗ ਦੌਰਾਨ ਉਨ੍ਹਾਂ ਜੇਲ੍ਹ ਦੇ ਲੰਗਰ ਹਾਲ ਦਾ ਨਿਰੀਖਣ ਕਰਦਿਆਂ ਬਣ ਰਹੇ ਖਾਣੇ ਦੀ ਜਾਂਚ ਕੀਤੀ, ਜਿਸ ਵਿਚ ਰੋਟੀ, ਦਾਲ, ਸੋਇਆਬੀਨ ਦੀ ਸਬਜ਼ੀ ਸ਼ਾਮਲ ਸਨ। ਇਸ ਤੋਂ ਇਲਾਵਾ ਜ਼ਿਲ੍ਹਾ ਤੇ ਸੈਸ਼ਨ ਜੱਜ ਰੰਧਾਵਾ ਵਲੋਂ ਜੇਲ੍ਹ ਵਿਚ ਵੱਖ-ਵੱਖ ਹਵਾਲਾਤੀਆਂ ਅਤੇ ਕੈਦੀਆਂ ਨਾਲ ਗੱਲਬਾਤ ਕਰਕੇ ਮੁਸ਼ਕਿਲਾਂ ਜਾਣੀਆਂ। ਜਨਾਨਾ ਜੇਲ੍ਹ ਦੀ ਚੈਕਿੰਗ ਦੌਰਾਨ ਉਨ੍ਹਾਂ ਬੰਦੀ ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਛੇਤੀ ਤੋਂ ਛੇਤੀ ਕਰਨ ਦੇ ਹੁਕਮ ਦਿੱਤੇ। ਇਸ ਮੌਕੇ ਉਨ੍ਹਾਂ ਵਲੋਂ ਜੇਲ੍ਹ ਦੇ ਬੰਦੀਆਂ ਨੂੰ ਸਪਸ਼ਟ ਕੀਤਾ ਕਿ ਜਿਹੜੇ ਬੰਦੀ ਆਪਣੇ ਕੇਸ ਦੀ ਪੈਰਵੀ ਲਈ ਆਪਣੇ ਪ੍ਰਾਈਵੇਟ ਪੱਧਰ 'ਤੇ ਐਡਵੋਕੇਟ ਹਾਇਰ ਕਰਨ ਵਿਚ ਅਸਮਰਥ ਹਨ, ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਤੋਂ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਵਲੋਂ ਜੇਲ੍ਹ ਵਿਚ ਬਣੀਆਂ ਬੈਰਕਾਂ ਦਾ ਵੀ ਦੌਰਾ ਕੀਤਾ। ਜ਼ਿਲ੍ਹਾ ਤੇ ਸੈਸ਼ਨ ਜੱਜ, ਹਰਪ੍ਰੀਤ ਕੌਰ ਰੰਧਾਵਾ ਵਲੋਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੈਂਟ ਨੂੰ ਜੇਲ੍ਹ ਵਿਚ ਪਾਈਆਂ ਗਈਆਂ ਕਮੀਆਂ ਬਾਬਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਅਤੇ ਹਦਾਇਤ ਕੀਤੀ ਗਈ ਕਿ ਪਾਈਆਂ ਗਈਆਂ ਕਮੀਆਂ ਤੇ ਤੁਰੰਤ ਅਮਲ ਸਬੰਧੀ ਰਿਪੋਰਟ ਪੇਸ਼ ਕੀਤੀ ਜਾਵੇ।

ਜ਼ਨਾਨਾ ਜੇਲ੍ਹ ਵਿਚ ਮਾਨਯੋਗ ਸੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ ਮਹਿਲਾ ਬੰਦੀ ਦੀਆਂ ਸ਼ਿਕਾਇਤਾਂ ਸੁਣਦੇ ਹੋਏ। ਅਜੀਤ ਤਸਵੀਰ

ਬੰਦੀਆਂ ਦੀਆਂ ਮੁਸ਼ਕਿਲਾਂ ਸੁਣੀਆਂ, ਤੁਰੰਤ ਨਿਪਟਾਰੇ ਦੇ ਵੀ ਦਿੱਤੇ ਨਿਰਦੇਸ਼

ਆਪਣੀਆਂ ਮੰਗਾਂ ਨੂੰ ਲੈ ਕੇ ਫਿਰੋਜਪੁਰ ਰੋਡ 'ਤੇ ਪੈਦਲ ਮਾਰਚ ਕੱਢਦੇ ਹੋਏ ਖੇਤੀਬਾੜੀ ਵਿਦਿਆਰਥੀ ਯੂਨੀਅਨ। ਅਜੀਤ ਤਸਵੀਰ

ਖੇਤੀਬਾੜੀ ਵਿਦਿਆਰਥੀ ਯੂਨੀਅਨ ਨੇ ਕੱਢਿਆ ਪੈਦਲ ਮਾਰਚ

ਲੁਧਿਆਣਾ, 27 ਨਵੰਬਰ (ਜਸਵਿੰਦਰ ਸਿੰਘ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਐਗਰੀਕਲਚਰ ਸਟੂਡੈਂਟ ਐਸੋਸੀਏਸ਼ਨ ਪੰਜਾਬ ਵੱਲੋਂ ਖੇਤੀਬਾੜੀ ਅਤੇ ਇਸ ਨਾਲ ਜੁੜੇ ਸਰਕਾਰੀ ਵਿਭਾਗਾਂ ਵਿੱਚ ਖਾਲੀ ਅਸਾਮੀਆਂ ਦੀ ਭਰਤੀ ਦੀ ਮੰਗ ਲਈ ਲਗਾਇਆ ਗਿਆ ਧਰਨਾ ਅੱਜ ਆਪਣੇ 65ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਅੱਜ ਵਿਦਿਆਰਥੀਆਂ ਵੱਲੋਂ ਫਿਰੋਜ਼ਪੁਰ ਰੋਡ 'ਤੇ ਗੇਟ ਨੰਬਰ 1 ਤੋਂ ਗੇਟ ਨੰਬਰ 2 ਤੱਕ ਪੈਦਲ ਮਾਰਚ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਦ ਤੱਕ ਸਰਕਾਰ ਵੱਲੋਂ ਲਿਖਤੀ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ, ਸੰਘਰਸ਼ ਜਾਰੀ ਰਹੇਗਾ।

ਰੋਸ ਧਰਨਾ 65ਵੇਂ ਦਿਨ ਵਿਚ ਦਾਖਲ

ਮਾਡਲ ਟਾਊਨ ਦੇ ਮਿੰਟ ਗੁਮਰੀ ਚੌਕ ਤੋਂ ਲੈ ਕੇ ਗੁਰਦੁਆਰਾ ਬਾਬਾ ਦੀਪ ਸਿੰਘ ਟੁੱਟੀ ਹੋਈ ਸੜਕ ਦੇ ਦ੍ਰਿਸ਼। ਤਸਵੀਰ-ਸੇਵਕ ਸਿੰਘ

ਨਵੀਆਂ ਸੜਕਾਂ ਦੇ ਵਰਕ ਆਰਡਰ ਜਾਰੀ ਪਰ ਮਾਡਲ ਟਾਊਨ 'ਚ ਪੈਚ ਵਰਕ 3 ਮਹੀਨਿਆਂ ਤੋਂ ਲਟਕਿਆ

ਲੁਧਿਆਣਾ, 27 ਨਵੰਬਰ (ਭੁਪਿੰਦਰ ਸਿੰਘ ਬੈਂਸ)-ਨਗਰ ਨਿਗਮ ਵਲੋਂ ਸ਼ਹਿਰ ਵਿਚ ਨਵੀਆਂ ਸੜਕਾਂ ਬਣਾਉਣ ਲਈ ਵਰਕ ਆਰਡਰ ਤਾਂ ਜਾਰੀ ਕਰ ਦਿੱਤੇ ਗਏ ਹਨ, ਪਰ ਇਸਦੇ ਬਾਵਜੂਦ ਸੰਬੰਧਿਤ ਵਿਭਾਗ ਵਲੋਂ ਇਸ ਮਾਮਲੇ ਚ ਗੰਭੀਰ ਲਾਪਰਵਾਹੀ ਵਰਤੀ ਜਾ ਰਹੀ ਹੈ। ਨਵੀਆਂ ਸੜਕਾਂ ਬਣਾਉਣ ਦੀ ਗੱਲ ਤਾਂ ਦੂਰ ਰਹੀ, ਪੁਰਾਣੀਆਂ ਟੁੱਟੀਆਂ ਸੜਕਾਂ 'ਤੇ ਵੀ ਪੈਚ ਵਰਕ ਨਹੀਂ ਕੀਤਾ ਜਾ ਰਿਹਾ ਹੈ। ਇਹੋ ਜਿਹਾ ਮਾਮਲਾ ਮਾਡਲ ਟਾਊਨ ਇਲਾਕੇ ਵਿਚ ਸਾਹਮਣੇ ਆਇਆ ਹੈ। ਇਲਾਕੇ ਦੇ ਮਿੰਟ ਗੁਮਰੀ ਚੌਕ ਤੋਂ ਲੈਕੇ ਗੁਰਦੁਆਰਾ ਬਾਬਾ ਦੀਪ ਸਿੰਘ ਤਕ ਪਿਛਲੇ ਤਿੰਨ ਮਹੀਨਿਆਂ ਤੋਂ ਸੜਕ ਬੁਰੀ ਤਰ੍ਹਾਂ ਖ਼ਰਾਬ ਪਈ ਹੈ। ਇਸ ਬਾਰੇ ਇਲਾਕਾ ਕੌਂਸਲਰ ਪੂਰੀ ਤਰ੍ਹਾਂ ਜਾਣੂ ਹਨ, ਪਰ ਫਿਰ ਵੀ ਨਾ ਹੀ ਨਗਰ ਨਿਗਮ ਵਲੋਂ ਤੇ ਨਾ ਹੀ ਕੌਂਸਲਰ ਵਲੋਂ ਪੈਚ ਵਰਕ ਕਰਵਾਇਆ ਗਿਆ। ਲੋਕਾਂ ਦਾ ਕਹਿਣਾ ਹੈ ਕਿ ਟੁੱਟੀ ਸੜਕ ਕਾਰਨ ਆਏ ਦਿਨ ਹਾਦਸੇ ਵਾਪਰ ਰਹੇ ਹਨ, ਪਰ ਇਸ ਵੱਲ ਕਿਸੇ ਦਾ ਧਿਆਨ ਨਹੀਂ। ਇਲਾਕਾ ਨਿਵਾਸੀਆਂ ਨੇ ਨਗਰ ਨਿਗਮ ਅਤੇ ਇਲਾਕਾ ਕੌਂਸਲਰ ਤੋਂ ਮੰਗ ਕੀਤੀ ਹੈ ਕਿ ਸੜਕ ਦੀ ਮੁਰੰਮਤ ਅਤੇ ਪੈਚ ਵਰਕ ਤੁਰੰਤ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਰੋਜ਼ਾਨਾ ਝੱਲਣੀ ਪੈ ਰਹੀ ਪਰੇਸ਼ਾਨੀ ਤੋਂ ਰਾਹਤ ਮਿਲ ਸਕੇ।

ਗੁਆਂਢੀਆਂ ਵਿਚਾਲੇ ਹੋਈ ਲੜਾਈ ਦੌਰਾਨ ਗੋਲੀ ਚੱਲਣ ਕਾਰਨ ਦਹਿਸ਼ਤ ਫੈਲੀ

ਲੁਧਿਆਣਾ, 27 ਨਵੰਬਰ (ਪਰਮਿੰਦਰ ਸਿੰਘ ਆਹੂਜਾ)-ਸਥਾਨਕ ਕਨਾਲ ਵਿਊ ਕਾਲੋਨੀ ਵਿਚ ਬੀਤੀ ਰਾਤ ਗੁਆਂਢੀਆਂ ਵਿਚਾਲੇ ਹੋਏ ਲੜਾਈ ਦੌਰਾਨ ਗੋਲੀ ਚੱਲਣ ਕਾਰਨ ਉੱਥੇ ਦਹਿਸ਼ਤ ਫੈਲ ਗਈ ਹੈ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਮਨਦੀਪ ਬੱਸੀ ਨੇ ਦੱਸਿਆ ਕਿ ਉਸ ਦੇ ਗੁਆਂਢੀ ਦਾ ਡਰਾਈਵਰ ਗਲੀ ਵਿਚ ਜਾ ਰਿਹਾ ਸੀ ਅਤੇ ਡਰਾਈਵਰ ਕਾਰ ਨੂੰ ਤੇਜ਼ ਰਫ਼ਤਾਰ ਨਾਲ ਚਲਾ ਰਿਹਾ ਸੀ। ਉਸ ਸਮੇਂ ਮਨਦੀਪ ਬੱਸੀ ਦਾ ਪੁੱਤਰ ਗਲੀ ਵਿਚ ਕੁੱਤੇ ਨਾਲ ਜਾ ਰਿਹਾ ਸੀ, ਉਸ ਨੇ ਡਰਾਈਵਰ ਨੂੰ ਕਾਰ ਹੌਲੀ ਕਰਨ ਲਈ ਕਿਹਾ, ਪਰ ਇਸ ਮਾਮਲੇ ਨੂੰ ਲੈ ਕੇ ਦੋਵਾਂ ਵਿਚਾਲੇ ਤਕਰਾਰ ਹੋ ਗਿਆ। ਇਸ ਤੋਂ ਬਾਅਦ ਮਨਦੀਪ ਬੱਸੀ ਆਪਣੇ ਦੋਸਤ ਰੋਹਿਤ ਨਾਲ ਆਪਣੇ ਗੁਆਂਢੀ ਦੇ ਘਰ ਗਿਆ ਅਤੇ ਉਸ ਨੂੰ ਡਰਾਈਵਰ ਬਾਰੇ ਸਭ ਕੁੱਝ ਦੱਸਿਆ। ਇਸ ਦੌਰਾਨ ਗੁਆਂਢੀ ਨੇ ਪਿਸਤੌਲ ਕੱਢੀ ਅਤੇ ਉਨ੍ਹਾਂ ਵੱਲ ਇਸ਼ਾਰਾ ਕੀਤਾ। ਮਨਦੀਪ ਬੱਸੀ ਅਤੇ ਰੋਹਿਤ ਕਿਸੇ ਤਰ੍ਹਾਂ ਆਪਣੀ ਜਾਨ ਬਚਾ ਕਿ ਉਥੋਂ ਆ ਗਏ। ਗੁਆਂਢੀ ਨੇ ਮੌਕੇ 'ਤੇ ਦੋ ਤੋਂ ਤਿੰਨ ਗੋਲੀਆਂ ਚਲਾਈਆਂ, ਜਿਸ ਕਾਰਨ ਦਹਿਸ਼ਤ ਫੈਲ ਗਈ। ਸ਼ਿਕਾਇਤਕਰਤਾ ਵਲੋਂ ਇਸ ਦੀ ਸੂਚਨਾ ਪੁਲਿਸ ਨੂੰ ਦਿੱਤੀ, ਜਿਸ 'ਤੇ ਪੁਲਿਸ ਮੁਲਾਜ਼ਮ ਮੌਕੇ 'ਤੇ ਪਹੁੰਚੇ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਹਾਲ ਦੀ ਘੜੀ ਇਸ ਮਾਮਲੇ ਵਿਚ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ।

ਸੰਸਾਰ ਪੱਧਰ ਦੇ ਖੇਤੀ ਵਿਗਿਆਨੀ ਪੀ.ਏ.ਯੂ. ਨਾਲ ਵਿਜ਼ਟਿੰਗ ਪ੍ਰੋਫੈਸਰਾਂ ਦੇ ਤੌਰ 'ਤੇ ਜੁੜੇ

ਲੁਧਿਆਣਾ, 27 ਨਵੰਬਰ (ਜਸਵਿੰਦਰ ਸਿੰਘ)-ਪੀ.ਏ.ਯੂ. ਨੇ ਆਪਣੀਆਂ ਅਕਾਦਮਿਕ ਗਤੀਵਿਧੀਆਂ ਨੂੰ ਹੋਰ ਮਿਆਰੀ ਅਤੇ ਸੰਸਾਰ ਪੱਧਰੀ ਬਣਾਉਣ ਲਈ ਦੁਨੀਆ ਦੇ ਮਹਾਨਤਮ ਖੇਤੀ ਵਿਗਿਆਨੀਆਂ ਵਿਜ਼ਟਿੰਗ ਪ੍ਰੋਫੈਸਰਾਂ ਦੇ ਤੌਰ 'ਤੇ ਯੂਨੀਵਰਸਿਟੀ ਨਾਲ ਜੋੜਿਆ ਹੈ। ਇਹਨਾਂ ਵਿਚ ਬਹੁਤ ਸਾਰੇ ਪੀ.ਏ.ਯੂ. ਦੇ ਸਾਬਕਾ ਵਿਦਿਆਰਥੀ, ਸਾਬਕਾ ਵਿਗਿਆਨੀ ਜਾਂ ਲੰਮੇ ਸਮੇਂ ਤੋਂ ਸਾਂਝੀਦਾਰ ਰਹੇ ਹਨ। ਆਪਣੀ ਸਥਾਪਨਾ ਤੋਂ ਹੀ ਦੇਸ਼ ਭਰ ਦੀ ਸਰਕਰਦਾ ਯੂਨੀਵਰਸਿਟੀ ਰਹੀ ਪੀ.ਏ.ਯੂ. ਰਾਸ਼ਟਰੀ ਪੱਧਰ ਤੇ ਲਗਾਤਾਰ ਤਿੰਨ ਸਾਲ ਸਰਵੋਤਮ ਰੈਂਕਿੰਗ ਹਾਸਲ ਕਰਦੀ ਆ ਰਹੀ ਹੈ। ਇਹਨਾਂ ਵਿਗਿਆਨੀਆਂ ਦੇ ਤਜਰਬਿਆਂ ਤੋਂ ਲਾਭ ਲੈ ਕੇ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ ਵਿਚ ਹੋਰ ਗੁਣਵੱਤਾ ਅਤੇ ਉਚਾਈ ਦੀ ਆਸ ਕੀਤੀ ਜਾ ਸਕਦੀ ਹੈ। ਇਹਨਾਂ ਵਿਜ਼ਟਿੰਗ ਪ੍ਰੋਫੈਸਰਾਂ ਦੀ ਸੂਚੀ ਵਿਚ ਵਿਸ਼ਵ ਭੋਜਨ ਪੁਰਸਕਾਰ ਜਿੱਤਣ ਵਾਲੇ ਤਿੰਨ ਵਿਗਿਆਨੀ ਡਾ. ਗੁਰਦੇਵ ਸਿੰਘ ਖੁਸ਼, ਡਾ. ਰਤਨ ਲਾਲ ਅਤੇ ਡਾ. ਐਸ.ਕੇ. ਵਾਸਲ ਵੀ ਸ਼ਾਮਿਲ ਹਨ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਦੱਸਿਆ ਕਿ ਪੀ.ਏ.ਯੂ. ਆਪਣੀ ਸਰਵ ਉਚਤਾ ਬਰਕਰਾਰ ਰੱਖਣ ਅਤੇ ਆਪਣੇ ਵਿਦਿਆਰਥੀਆਂ ਵਿਚੋਂ ਭਵਿੱਖ ਦੇ ਖੇਤੀ ਵਿਗਿਆਨੀ ਤਲਾਸ਼ਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਡਾ. ਗੋਸਲ ਨੇ ਦੱਸਿਆ ਕਿ ਯੂਨੀਵਰਸਿਟੀ ਹਰ ਵਿਜ਼ਟਿੰਗ ਪ੍ਰੋਫੈਸਰ ਨੂੰ ਲੈਕਚਰ, ਵਿਚਾਰ-ਵਟਾਂਦਰਾ ਅਤੇ ਨਿੱਜੀ ਦੌਰਿਆਂ ਦੌਰਾਨ ਵਿਦਿਆਰਥੀਆਂ ਦੀ ਅਗਵਾਈ ਦਾ ਮੌਕਾ ਦੇਵੇਗੀ। ਇਸ ਤੋਂ ਇਲਾਵਾ ਆਨਲਾਈਨ ਸੈਸ਼ਨਾਂ ਦੌਰਾਨ ਵੀ ਇਹਨਾਂ ਪ੍ਰੋਫੈਸਰਾਂ ਦੇ ਗਿਆਨ ਦਾ ਲਾਭ ਲਿਆ ਜਾਵੇਗਾ।

ਵਿਦਿਆਰਥਣ ਦੀਆ ਸੂਦ ਦਾ ਭਵਿੱਖ ਖ਼ਤਰੇ 'ਚ

ਲੁਧਿਆਣਾ, 27 ਨਵੰਬਰ (ਭੁਪਿੰਦਰ ਸਿੰਘ ਬੈਂਸ)-ਨਕਲ ਵਿਰੋਧੀ ਫ਼ਰੰਟ ਦੇ ਆਗੂ ਸੁਖਦਰਸ਼ਨ ਸਿੰਘ ਵਲੋਂ ਸ਼ਹਿਰ ਦੇ ਇਕ ਨਿੱਜੀ ਸਕੂਲ 'ਤੇ ਗੰਭੀਰ ਦੋਸ਼ ਲਗਾਏ ਗਏ ਹਨ ਕਿ ਸਕੂਲ ਨੇ ਦਸਵੀਂ ਕਲਾਸ ਦੀ ਵਿਦਿਆਰਥਣ ਦਿਆ ਸੂਦ ਤੋਂ ਰਜਿਸਟ੍ਰੇਸ਼ਨ ਲਈ ਫ਼ੀਸ ਤਾਂ ਪੂਰੀ ਲੈ ਲਈ, ਪਰ ਉਸਦਾ ਨਾਅ ਪੀ.ਐਸ.ਈ.ਬੀ ਵਿਚ ਦਰਜ ਨਹੀਂ ਕਰਵਾਇਆ। ਸੁਖਦਰਸ਼ਨ ਸਿੰਘ ਨੇ ਦੱਸਿਆ ਕਿ ਦਿਆ ਸੂਦ ਈਸ਼ਰ ਨਗਰ ਵਿਖੇ ਸੰਤ ਈਸ਼ਰ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤੋਂ ਉਪਨ ਸਕੂਲ ਅਧੀਨ ਦਸਵੀਂ ਕਰ ਰਹੀ ਸੀ। ਸਕੂਲ ਨੇ ਉਸ ਤੋਂ ਪਹਿਲਾ 3 ਮਹੀਨੇ ਦੀ 3900 ਰੁਪਏ ਫ਼ੀਸ ਤੇ ਫਿਰ ਪੀ.ਐਸ.ਈ.ਬੀ. ਰਜਿਸਟ੍ਰੇਸ਼ਨ ਲਈ 8000 ਰੁਪਏ ਵੀ ਵਸੂਲ ਕੀਤੇ, ਪਰ ਇਸਦੇ ਬਾਵਜੂਦ ਦਿਆ ਦੀ ਰਜਿਸਟ੍ਰੇਸ਼ਨ ਨਹੀਂ ਹੋਈ। ਉਨ੍ਹਾਂ ਦੋਸ਼ ਲਗਾਇਆ ਕਿ ਜਦੋਂ ਸਕੂਲ ਦੇ ਪ੍ਰਿੰਸੀਪਲ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਰਜਿਸਟ੍ਰੇਸ਼ਨ ਕਰਵਾਉਣ ਦਾ ਆਨਲਾਈਨ ਸਮਾਂ ਲੰਘ ਗਿਆ ਹੈ ,ਕਹਿਕੇ ਆਪਣਾ ਪੱਲਾ ਚਾੜ ਲਿਆ। ਸੁਖਦਰਸ਼ਨ ਸਿੰਘ ਨੇ ਕਿਹਾ ਕਿ ਇਹ ਸਕੂਲ ਵਲੋਂ ਸਿੱਧਾ-ਸਿੱਧਾ ਵਿਦਿਆਰਥਣ ਦੇ ਭਵਿੱਖ ਨਾਲ ਖੇਡਣ ਦੇ ਬਰਾਬਰ ਹੈ, ਜਿਸਦੀ ਸ਼ਿਕਾਇਤ ਮੁੱਖਮੰਤਰੀ, ਡੀ.ਸੀ. ਤੇ ਡੀ.ਈ.ਓ. ਕੋਲ ਕੀਤੀ ਜਾਵੇਗੀ। ਜਦ ਇਸ ਸੰਬੰਧ ਵਿਚ ਸਕੂਲ ਦੇ ਪ੍ਰਿੰਸੀਪਲ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਵਲੋਂ ਫ਼ੋਨ ਨਹੀਂ ਚੁੱਕਿਆ ਗਿਆ।

ਨਿੱਜੀ ਸਕੂਲ ਨੇ ਫ਼ੀਸ ਲੈ ਕੇ ਵੀ ਦਸਵੀਂ ਦੀ ਰਜਿਸਟ੍ਰੇਸ਼ਨ ਨਹੀਂ ਕਰਵਾਈ

ਵੈਟਰਨਰੀ ਯੂਨੀਵਰਸਿਟੀ ਨੂੰ ਸੀ.ਐਸ.ਆਰ. ਸਕੀਮ ਅਧੀਨ ਪ੍ਰਾਪਤ ਹੋਇਆ ਈ-ਲੋਡਰ

ਲੁਧਿਆਣਾ, 27 ਨਵੰਬਰ (ਜਸਵਿੰਦਰ ਸਿੰਘ)-ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਨੇ ਕੈਂਪਸ ਵਿਚ ਵਾਤਾਵਰਨ ਬਿਹਤਰੀ ਲਈ ਉਪਰਾਲੇ ਅਧੀਨ ਪ੍ਰਦੂਸ਼ਣ ਨ